# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 20-01-2025**

ਮਹਾਂਕੁੰਭ ਵਿਚ ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਜਗਦੀਪ ਧਨਖੜ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਵਿਸੇਸ਼ ਹਾਜ਼ਰੀ ਲਗਵਾਉਣਗੇ । ਇਸ ਸਬੰਧੀ ਯੂ.ਪੀ. ਮੁੱਖ ਮੰਤਰੀ ਯੋਗੀ ਆਦਿਤਿਆਨਾਥ ਨੇ ਅਧਿਕਾਰੀਆਂ ਨੂੰ ਤਿਆਰੀਆਂ ਲਈ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ ਨੇ । ਉਨ੍ਹਾਂ ਮੌਨੀ ਅਮਾਵਸਿਆ ਤੇ ਬਸੰਤ ਪੰਚਮੀ ਮੌਕੇ ਅੰਮ੍ਰਿਤ ਇਸ਼ਨਾਨ ਦੌਰਾਨ ਵੀ ਸੁਰੱਖਿਆ ਦੇ ਸਖ਼ਤ ਪ੍ਰਬੰਧ ਰੱਖਣ ਦੇ ਨਿਰਦੇਸ਼ ਦਿੱਤੇ ਨੇ । ਯੋਗੀ ਆਦਿਤਿਆਨਾਥ ਨੇ ਮਹਾਕੁੰਭ ਦਾ ਦੌਰਾ ਕੀਤਾ ਤੇ ਅਧਿਕਾਰੀਆਂ ਨੂੰ ਸਾਰੇ ਪਤਵੰਤਿਆਂ ਦੇ ਪ੍ਰਯਾਗਰਾਜ ਵਿੱਚ ਪ੍ਰਸਤਾਵਿਤ ਆਗਮਨ ਸਬੰਧੀ ਸਾਰੀਆਂ ਤਿਆਰੀਆਂ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ ।

----------------------------------------------------

ਡਾਕ ਵਿਭਾਗ ਨੇ ਸੰਵਿਧਾਨ ਨੂੰ ਅਪਣਾਉਣ ਦੇ 75 ਸਾਲ ਪੂਰੇ ਹੋਣ ਤੇ ਨਵੀਂ ਦਿੱਲੀ ਵਿਚ ਤਿੰਨ ਦਿਨਾਂ ਸਮਾਗਮ ਦਾ ਆਯੋਜਨ ਕੀਤਾ ਏ। ਇਹ ਸਮਾਗਮ ਰਾਸ਼ਟਰੀ ਫਿਲੇਟੈਲਿਕ ਅਜਾਇਬ ਘਰ ਵਿਚ ਹੋ ਰਿਹਾ ਏ ਤੇ ਸੈਲਾਨੀਆਂ ਲਈ ਕਈ ਤਰ੍ਹਾਂ ਦੀਆਂ ਦਿਲਚਸਪ ਗਤੀਵਿਧੀਆਂ ਦੀ ਪੇਸ਼ਕਸ਼ ਕਰ ਰਿਹਾ ਏ। ਇਸ ਦਾ ਉਦੇਸ਼ ਨਾਗਰਿਕਾਂ ਨੂੰ ਏਕਤਾ ਤੇ ਰਾਸ਼ਟਰੀ ਮਾਣ ਦੀ ਭਾਵਨਾ ਨੂੰ ਉਤਸ਼ਾਹਿਤ ਕਰਦੇ ਹੋਏ ਸੰਵਿਧਾਨ ਵਿਚ ਦਰਜ ਕਦਰਾਂ-ਕੀਮਤਾਂ 'ਤੇ ਪ੍ਰਤੀਬਿੰਬਤ ਕਰਨ ਵਿਚ ਸ਼ਾਮਲ ਕਰਨਾ ਏ। ਜਸ਼ਨ ਦੌਰਾਨ, ਪ੍ਰਦਰਸ਼ਨੀ, ਕੁਇਜ਼, ਸਟੈਂਪ ਸਫਾਰੀ ਤੇ ਪੱਤਰ ਲਿਖਣ ਮੁਕਾਬਲੇ ਆਯੋਜਿਤ ਕੀਤੇ ਜਾਣਗੇ।

----------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਭਾਰਤੀ ਪੁਰਸ਼ ਤੇ ਮਹਿਲਾ ਟੀਮ ਨੂੰ ਪਹਿਲਾ ਖੋ ਖੋ ਵਿਸ਼ਵ ਕੱਪ ਜਿੱਤਣ 'ਤੇ ਵਧਾਈ ਦਿੱਤੀ ਏ। ਇਕ ਸੋਸ਼ਲ ਮੀਡੀਆ ਪੋਸਟ ਵਿੱਚ ਰਾਸ਼ਟਰਪਤੀ ਨੇ ਕਿਹਾ ਏ ਕਿ ਸਾਡੀਆਂ ਕੁੜੀਆਂ ਅਤੇ ਮੁੰਡਿਆਂ ਦੀ

ਇਤਿਹਾਸਕ ਸਫਲਤਾ ਦੇਸ਼ ਦੇ ਨੌਜਵਾਨਾਂ ਨੂੰ ਪ੍ਰੇਰਿਤ ਕਰੇਗੀ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਏ ਕਿ ਇਹ ਇਤਿਹਾਸਕ ਜਿੱਤ ਉਨ੍ਹਾਂ ਦੇ ਬੇਮਿਸਾਲ ਹੁਨਰ, ਦ੍ਰਿੜਤਾ ਤੇ ਟੀਮ ਭਾਵਨਾ ਦਾ ਨਤੀਜਾ ਏ।

---------------------------------------------------

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਏ ਕਿ ਸਮੁੱਚੇ ਸਮਾਜ ਨੂੰ ਸਸ਼ਕਤ ਬਣਾਉਣ ਲਈ ਮਹਿਲਾ ਸਸ਼ਕਤੀਕਰਨ ਬੇਹੱਦ ਜ਼ਰੂਰੀ ਏ। ਮੋਗਾ ਦੇ ਆਈ.ਐਸ.ਐਫ. ਕਾਲਜ ਵਿਖੇ ਮਹਿਲਾ ਸਸ਼ਕਤੀਕਰਨ ਸੰਮੇਲਨ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਆਧੁਨਿਕ ਸਮਾਜ ਵਿਚ ਯੋਗਦਾਨ ਪਾਉਣ ਲਈ ਭਾਰਤੀ ਮਹਿਲਾਵਾਂ ਖਾਸ ਕਰਕੇ ਪੰਜਾਬੀ ਮਹਿਲਾਵਾਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਅਜੋਕੇ ਸਮਾਜ ਵਿੱਚ ਮਹਿਲਾਵਾਂ ਸਮਾਜਿਕ ਤੇ ਸੱਭਿਆਚਾਰਕ ਏਕਤਾ ਨੂੰ ਉਤਸ਼ਾਹਿਤ ਕਰਨ ਲਈ ਨਿਰਣਾਇਕ ਭੂਮਿਕਾ ਨਿਭਾ ਰਹੀਆਂ ਨੇ, ਜਿਸ ਨਾਲ ਸਮੁੱਚੇ ਵਿਸ਼ਵ ਵਿਚ ਜਾਗਰੂਕਤਾ ਫੈਲ ਰਹੀ ਏ। ਉਹਨਾਂ ਕਿਹਾ ਕਿ ਮਹਿਲਾਵਾਂ ਕੋਲ ਵਿਸ਼ਵ ਭਰ ਵਿਚ ਖੁਸ਼ਹਾਲੀ ਤੇ ਵਿਕਾਸ ਦੇ ਨਵੇਂ ਯੁੱਗ ਦੀ ਸ਼ੁਰੂਆਤ ਕਰਨ ਦੀ ਅਥਾਹ ਸਮਰੱਥਾ ਏ। ਮੁੱਖ ਮੰਤਰੀ ਨੇ ਕਿਹਾ ਕਿ ਅੱਜ

ਭਾਰਤੀ ਮਹਿਲਾਵਾਂ ਵੀ ਸਾਡੇ ਦੇਸ਼ ਦੀਆਂ ਕੌਮਾਂਤਰੀ ਸਰਹੱਦਾਂ ਦੀ ਰਾਖੀ ਕਰਨ ਦੀ ਜ਼ਿੰਮੇਵਾਰੀ ਨਿਭਾ ਰਹੀਆਂ ਨੇ ।

---------------------------------------------------------------

ਬਟਾਲਾ ਪੁਲਿਸ ਵਲੋਂ ਐਂਟੀ ਡਰੱਗ ਅਵੈਰਨੈੱਸ ਡੇਅ ਤੇ ਐਥਲੈਟਿਕਸ ਮੀਟ ਭਲਕੇ 21 ਜਨਵਰੀ ਨੂੰ ਕਰਵਾਈ ਜਾਵੇਗੀ । ਡੀ .ਐਸ.ਪੀ. ਤੇਜਿੰਦਰਪਾਲ ਸਿੰਘ ਨੇ ਦੱਸਿਆ ਕਿ ਬੇਰਿੰਗ ਯੂਨੀਅਨ ਕ੍ਰਿਸਚੀਅਨ ਕਾਲਜ ਵਿਖੇ ਐਥਲੈਟਿਕਸ ਮੀਟ ਦੁਪਹਿਰ 12 ਤੋਂ 4 ਵਜੇ ਤੱਕ ਕਰਵਾਈ ਜਾਵੇਗੀ ਤੇ ਇਨਾਮਾਂ ਦੀ ਵੰਡ ਸ਼ਿਵ ਕੁਮਾਰ ਬਟਾਲਵੀ ਆਡੀਟੋਰੀਅਮ ਵਿਖੇ ਸ਼ਾਮ 4 ਤੋਂ 6 ਵਜੇ ਤੱਕ ਕੀਤੀ ਜਾਵੇਗੀ । ਉਹਨਾਂ ਕਿਹਾ ਕਿ ਐਸ ਐਸ ਪੀ ਬਟਾਲਾ ਦੇ ਦਿਸ਼ਾ- ਨਿਰਦੇਸ਼ਾਂ ਹੇਠ ਬਟਾਲਾ ਪੁਲਿਸ ਵਲੋਂ ਲਗਾਤਾਰ ਨਸ਼ਿਆ ਵਿਰੁੱਧ ਮੁਹਿੰਮ ਚਲਾਈ ਜਾ ਰਹੀ ਹੈ ਤੇ ਖੇਡਾਂ ਨੂੰ ਪ੍ਰਫੁੱਲਿਤ ਕੀਤਾ ਜਾ ਰਿਹਾ ਏ ।

---------------------------------------------------------------

ਅਮਰ ਸ਼ਹੀਦ ਸੇਵਾ ਸਿੰਘ ਠੀਕਰੀਵਾਲਾ ਦੀ 91ਵੀਂ ਬਰਸੀ ਮੌਕੇ ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਉਹਨਾਂ ਦੇ ਪਿੰਡ

ਪਹੁੰਚ ਕੇ ਸ਼ਰਧਾਂਜਲੀ ਭੇਟ ਕੀਤੀ । ਇਸ ਦੌਰਾਨ ਸੰਬੋਧਿਤ ਕਰਦਿਆਂ ਉਹਨਾਂ ਕਿਹਾ ਕਿ ਪਿੰਡ ਠੀਕਰੀਵਾਲਾ ਵਿਚ ਸਰਕਾਰੀ ਨਰਸਿੰਗ ਕਾਲਜ ਖੋਲਣ ਦੇ ਵਾਅਦੇ ਨੂੰ ਜਲਦ ਪੂਰਾ ਕੀਤਾ ਜਾਵੇਗਾ । ਨਹਿਰੀ ਪਾਣੀ ਤੇ ਸੂਏ ਖਾਲਾਂ ਨੂੰ ਪੱਕਾ ਕਰਨ ਦੀ ਮੰਗ ਨੂੰ ਵੀ ਵਿੱਤ ਮੰਤਰੀ ਵੱਲੋਂ ਪੂਰਾ ਕਰਨ ਦਾ ਵਾਅਦਾ ਕੀਤਾ ਗਿਆ ।

--------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਏ ਕਿ ਪੰਜਾਬ ਸਰਕਾਰ ਵਲੋਂ ਚੋਣਾਂ ਸਮੇਂ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਲਗਾਤਾਰ ਪੂਰਾ ਕੀਤਾ ਜਾ ਰਿਹਾ ਏ । ਸ. ਸੰਧਵਾਂ ਨੇ ਕਿਹਾ ਕਿ ਜਿੱਥੇ ਸੂਬੇ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਖੇਡਾਂ ਪੰਜਾਬ ਦੀਆਂ ਤੇ ਹੋਰ ਖੇਡਾਂ ਕਰਵਾਈਆਂ ਜਾ ਰਹੀਆਂ ਨੇ ਓਥੇ ਹੁਣ ਉਨ੍ਹਾਂ ਦਾ ਇਹ ਮੁੱਖ ਮਕਸਦ ਏ ਕਿ ਨੌਜਵਾਨਾਂ ਨੂੰ ਰੁਜ਼ਗਾਰ ਦੇ ਅਵਸਰ ਪਰਦਾਨ ਕੀਤੇ ਜਾਣ ।

--------------------------------------------------

ਮਾਨਸਾ ਦੇ ਕਸਬਾ ਭੀਖੀ ਵਿਖੇ ਇੱਕ ਨੌਜਵਾਨ ਦੀ ਸੜਕ ਹਾਦਸੇ

ਵਿਚ ਮੌਤ ਹੋ ਗਈ ਏ। ਜਾਣਕਾਰੀ ਅਨੁਸਾਰ ਮੋਟਰਸਾਈਕਲ ਸਵਾਰ ਨੌਜਵਾਨ ਦੀ ਚੰਡੀਗੜ੍ਹ ਸਿਰਸਾ ਹਾਈਵੇ 'ਤੇ ਸਾਹਮਣੇ ਤੋਂ ਆ ਰਹੇ ਟਰੱਕ ਨਾਲ ਟੱਕਰ ਹੋਣ ਕਾਰਨ ਮੌਕੇ 'ਤੇ ਹੀ ਮੌਤ ਹੋ ਗਈ। ਮ੍ਰਿਤਕ ਆਪਣੇ ਪਿੱਛੇ ਮਾਤਾ, ਪਤਨੀ ਤੇ ਦੋ ਧੀਆਂ ਨੂੰ ਛੱਡ ਗਿਆ ਏ। ਸ਼ਹਿਰ ਵਾਸੀਆਂ ਨੇ ਦੱਸਿਆ ਏ ਕਿ ਮ੍ਰਿਤਕ ਦੇ ਭਰਾ ਦੀ ਵੀ ਇਕ ਮਹੀਨੇ ਪਹਿਲਾਂ ਐਕਸੀਡੈਂਟ ਵਿਚ ਮੌਤ ਹੋ ਗਈ ਸੀ ਤੇ ਘਰ ਵਿਚ ਕਮਾਉਣ ਵਾਲਾ ਕੋਈ ਨਹੀਂ ਏ।

------------------------------------------------------------------

ਜਲੰਧਰ ਦਿਹਾਤੀ ਪੁਲਿਸ ਨੇ ਫਿਲੌਰ ਪੁਲਿਸ ਸਟੇਸ਼ਨ ਦੇ ਅਧਿਕਾਰ ਖੇਤਰ ਅਧੀਨ ਆਉਂਦੇ ਪਿੰਡ ਕਦਿਆਨਾ ਵਿੱਚ ਜ਼ਮੀਨੀ ਵਿਵਾਦ ਦੇ ਮਾਮਲੇ ਵਿਚ ਪੰਜ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਏ ਜਦਕਿ ਇਕ 12 ਬੋਰ ਰਾਈਫਲ, ਇੱਕ ਟਰੈਕਟਰ, ਇਕ ਕਾਰ, ਜਾਅਲੀ ਦਸਤਾਵੇਜ਼ ਤੇ ਚਾਰ ਮੋਬਾਈਲ ਫੋਨ ਵੀ ਬਰਾਮਦ ਕੀਤੇ ਨੇ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਬਲਜੀਤ ਸਿੰਘ, ਗੁਰਪ੍ਰੀਤ ਸਿੰਘ , ਗੁਰਜੀਤ ਕੌਰ, ਹਰਜੀਤ ਕੌਰ ਤੇ ਬਲਵਿੰਦਰ ਸਿੰਘ ਵਜੋਂ ਹੋਈ ਏ , ਜੋ ਫਿਲੌਰ ਦੇ

ਕਦਿਆਨਾ ਪਿੰਡ ਦੇ ਵਸਨੀਕ ਨੇ। ਬਾਕੀ ਮੁਲਜ਼ਮਾਂ ਹਰਵੀਰ ਸਿੰਘ ਤੇ ਹਰਪ੍ਰੀਤ ਸਿੰਘ ਨੂੰ ਫੜਨ ਲਈ ਯਤਨ ਜਾਰੀ ਨੇ । ਇਸ ਸਬੰਧੀ ਐਸ.ਐਸ.ਪੀ. ਹਰਕਮਲਪ੍ਰੀਤ ਸਿੰਘ ਖੱਖ ਨੇ ਕਿਹਾ ਕਿ ਜਲੰਧਰ ਦਿਹਾਤੀ ਪੁਲਿਸ ਜ਼ਿਲ੍ਹੇ ਵਿਚ ਅਪਰਾਧ ਨੂੰ ਬਰਦਾਸ਼ਤ ਨਹੀਂ ਕਰੇਗੀ ।